ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈੱਸ ਨੋਟ 1

ਮਹਿੰਗੇ ਰੇਟ ਤੇ ਸਬਜ਼ੀਆਂ ਵੇਚਣ ਵਾਲੇ ਦੋ ਸਬਜ਼ੀ ਵਿਕ੍ਰੇਤਾਵਾਂ ਦੇ ਕਰਫਿਊ ਪਾਸ ਜ਼ਿਲ੍ਹਾ ਪ੍ਰਸ਼ਾਸਨ ਨੇ ਕੀਤੇ ਰੱਦ

ਗ੍ਰੇਸਰੀ ਵਸਤੂਆਂ, ਦਵਾਈਆਂ, ਫਲ-ਸਬਜ਼ੀਆਂ ਅਤੇ ਦੁੱਧ ਉਤਪਾਦਾਂ ਦੀਆਂ ਕੀਮਤਾਂ ਤੇ ਨਿਗਰਾਨੀ ਦੇ ਲਈ ਗਠਿਤ ਕੀਤੀਆਂ ਗਈਆਂ ਹਨ ਸਪੈਸ਼ਲ ਟੀਮਾਂ:-ਡਿਪਟੀ ਕਮਿਸ਼ਨਰ

ਫਿਰੋਜ਼ਪੁਰ 8 ਅਪ੍ਰੈਲ 2020

ਜ਼ਰੂਰੀ ਵਸਤੂਆਂ ਨੂੰ ਮੁੱਲ ਤੋਂ ਜ਼ਿਆਦਾ ਵੇਚਣ ਵਾਲਿਆਂ ਦੇ ਖ਼ਿਲਾਫ਼ ਸਖ਼ਤ ਕਾਰਵਾਈ ਕਰਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਨੇ ਬੁੱਧਵਾਰ ਨੂੰ 2 ਸਬਜ਼ੀ ਵਿਕ੍ਰੇਤਾਵਾਂ ਦੇ ਕਰਫਿਊ ਪਾਸ ਰੱਦ ਕਰ ਦਿੱਤੇ ਹਨ। ਵਿਸਥਾਰ ਪੂਰਵਕ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਲੋਕਾਂ ਨੂੰ ਜ਼ਰੂਰੀ ਵਸਤੂਆਂ ਗ੍ਰੇਸਰੀ, ਫਲ-ਸਬਜੀਆਂ, ਦੁੱਧ ਉਤਪਾਦਾਂ ਅਤੇ ਦਵਾਈਆਂ ਦੇ ਸਹੀ ਰੇਟ ਤੇ ਉਪਲੱਬਧ ਕਰਵਾਉਣ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿੱਚ ਸਰਪ੍ਰਾਇਜ਼ ਚੈਕਿੰਗ ਸ਼ੁਰੂ ਕਰਵਾਈ ਗਈ ਹੈ। ਇਹ ਚੈਕਿੰਗ ਸਬੰਧਿਤ ਵਿਭਾਗਾਂ ਵੱਲੋਂ ਗਠਿਤ ਸਪੈਸ਼ਲ ਟੀਮਾਂ ਵੱਲੋਂ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਕੁੱਝ ਸ਼ਿਕਾਇਤਾਂ ਉਨ੍ਹਾਂ ਦੇ ਕੋਲ ਆਈਆਂ ਸੀ ਕਿ ਕੁੱਝ ਦੁਕਾਨਦਾਰ ਜ਼ਰੂਰੀ ਵਸਤੂਆਂ ਜਿਵੇਂ ਕਿ ਗ੍ਰੇਸਰੀ ਅਤੇ ਸਬਜ਼ੀਆਂ ਦੇ ਰੇਟ ਮਾਰਕੀਟ ਰੇਟ ਜਾਂ ਫਿਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਰਧਾਰਿਤ ਰੇਟਾਂ ਤੋਂ ਜ਼ਿਆਦਾ ਰੇਟ ਤੇ ਵੇਚ ਰਹੇ ਹਨ। ਉਨ੍ਹਾਂ ਨੇ ਇਸ ਤਰ੍ਹਾਂ ਦੇ ਸਵਾਰਥੀ ਦੁਕਾਨਦਾਰਾਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਸੰਕਟ ਦੀ ਇਸ ਘੜੀ ਵਿੱਚ ਲੋਕਾਂ ਦੀ ਸੇਵਾ ਕਰਨ ਅਤੇ ਉਨ੍ਹਾਂ ਨੂੰ ਉਚਿਤ ਰੇਟਾਂ ਤੇ ਜ਼ਰੂਰੀ ਵਸਤੂਆਂ ਮੁਹੱਈਆ ਕਰਵਾਉਣ ਦੇ ਲਈ ਸਪੈਸ਼ਲ ਕਰਫ਼ਿਊ ਪਾਸ ਜਾਰੀ ਕੀਤੇ ਗਏ ਸੀ ਨਾ ਕਿ ਮੁਨਾਫਾਖੋਰੀ ਦੇ ਲਈ। ਉਨ੍ਹਾਂ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਵੀ ਮੁਨਾਫਾਖੋਰੀ ਦੀ ਸੋਚਣ ਵਾਲੇ ਦੁਕਾਨਦਾਰਾਂ ਦੇ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਨੂੰ ਸਾਰੀਆਂ ਜ਼ਰੂਰੀ ਵਸਤੂਆਂ ਉੱਚਿਤ ਰੇਟਾਂ ਤੇ ਉੱਪਲੱਬਧ ਕਰਵਾਉਣ ਦੇ ਲਈ ਪੂਰਨ ਰੂਪ ਵਿੱਚ ਵਚਨਬੱਧ ਹੈ ਅਤੇ ਇਸ ਦੇ ਲਈ ਮਾਰਕੀਟ ਕਮੇਟੀ, ਖਾਦ ਤੇ ਆਪਰੂਤੀ ਵਿਭਾਗ, ਜ਼ੋਨਲ ਲਾਇਸਿੰਗ ਅਥਾਰਟੀ ਨੂੰ ਲਗਾਤਾਰ ਚੈਕਿੰਗ ਕਰਨ ਅਤੇ ਮੁਨਾਫਾਖੋਰੀ ਤੇ ਕਾਲਾਬਾਜ਼ਾਰੀ ਤੇ ਰੋਕ ਲਗਾਉਣ ਦੇ ਲਈ ਕਿਹਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਵਿਭਾਗਾਂ ਦੀ ਸਪੈਸ਼ਲ ਟੀਮਾਂ ਲਗਾਤਾਰ ਸਰਪ੍ਰਾਇਜ਼ ਚੈਕਿੰਗ ਕਰ ਰਹੀਆਂ ਹਨ ਅਤੇ ਡਿਫਾਲਟਰਾਂ ਦੇ ਕਰਫਿਊ ਪਾਸ ਰੱਦ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਜ਼ਰੂਰੀ ਵਸਤੂਆਂ ਦੇ ਮੁੱਲ ਪ੍ਰਸ਼ਾਸਨ ਵੱਲੋਂ ਪਹਿਲਾ ਹੀ ਨਿਰਧਾਰਿਤ ਕੀਤੇ ਜਾ ਚੁੱਕੇ ਹਨ ਇਸ ਲਈ ਕੋਈ ਵੀ ਦੁਕਾਨਦਾਰ ਇਸ ਤੋਂ ਜ਼ਿਆਦਾ ਮੁੱਲ ਨਹੀਂ ਵਸੂਲ ਸਕਦਾ। ਉਨ੍ਹਾਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਓਵਰਚਾਰਜਿੰਗ ਦੇ ਖਿਲਾਫ ਖੁੱਲ੍ਹ ਕੇ ਸ਼ਿਕਾਇਤ ਕਰਨ ਅਤੇ ਤਾਂ ਜੋ ਪ੍ਰਸ਼ਾਸਨ ਵੱਲੋਂ ਇਸ ਤਰ੍ਹਾਂ ਦੇ ਦੁਕਾਨਦਾਰਾਂ ਦੇ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਰੋਨਾ ਵਾਇਰਸ ਦੀ ਮਹਾਂਮਾਰੀ ਦੇ ਚੱਲਦੇ ਇਹ ਸਮਾਂ ਕਾਫ਼ੀ ਸੰਕਟ ਭਰਿਆ ਹੈ ਅਤੇ ਲੋਕਾਂ ਦੀ ਸੁਰੱਖਿਆ ਦੇ ਲਈ ਕਰਫ਼ਿਊ ਲਗਾਇਆ ਗਿਆ ਹੈ। ਪਰ ਕੁੱਝ ਲੋਕ ਫਿਰ ਵੀ ਓਵਰਚਾਰਜਿੰਗ ਤੋਂ ਬਾਜ਼ ਨਹੀਂ ਆ ਰਹੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈੱਸ ਨੋਟ 2

ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਨੇ ਸਿਵਲ ਹਸਪਤਾਲ ਗੁਰੂਹਰਸਹਾਏ ਵਿਖੇ ਸਿਹਤ ਸੁਵਿਧਾਵਾਂ ਦਾ ਲਿਆ ਜਾਇਜ਼ਾ

ਕਿਹਾ, ਕੋਰੋਨਾ ਵਾਇਰਸ ਨਾਲ ਨਜਿੱਠਣ ਲਈ ਸਾਜੋ ਸਮਾਨ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ

ਫ਼ਿਰੋਜ਼ਪੁਰ 8 ਅਪ੍ਰੈਲ ( ) ਕੈਬਨਿਟ ਮੰਤਰੀ (ਖੇਡਾਂ ਤੇ ਯੁਵਕ ਸੇਵਾਵਾਂ) ਰਾਣਾ ਗੁਰਮੀਤ ਸਿੰਘ ਸੋਢੀ ਅਤੇ ਸੀਨੀਅਰ ਕਾਂਗਰਸੀ ਆਗੂ ਅਨੁਮੀਤ ਸਿੰਘ ਹੀਰਾ ਸੋਢੀ ਵੱਲੋਂ ਸੀ. ਐੱਚ .ਸੀ ਗੁਰੂਹਰਸਹਾਏ ਵਿਖੇ ਕੋਰੋਨਾ ਵਾਇਰਸ ਦੀ ਮਹਾਂਮਾਰੀ ਨਾਲ ਨਜਿੱਠਣ ਲਈ ਬਣਾਏ ਗਏ ਆਈਸੋਲੇਸ਼ਨ ਵਾਰਡ ਅਤੇ ਹਸਪਤਾਲ ਵਿਖੇ ਸਿਹਤ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ । ਕੈਬਨਿਟ ਮੰਤਰੀ ਰਾਣਾ ਸੋਢੀ ਨੇ ਹਸਪਤਾਲ ਵਿਚ ਡਿਊਟੀ ਕਰਦੇ ਡਾਕਟਰਾਂ ਅਤੇ ਸਮੂਹ ਸਟਾਫ਼ ਦੀ ਹੌਸਲਾ ਅਫਜਾਈ ਕੀਤੀ ਅਤੇ ਕੋਰੋਨਾ ਖਿਲਾਫ ਜੰਗ ਲੜਨ ਲਈ ਪੂਰੀ ਤਨਦੇਹੀ ਨਾਲ ਡਿਊਟੀ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਨਾਲ ਨਜਿੱਠਣ ਲਈ ਸਰਕਾਰ ਵੱਲੋਂ ਹਸਪਤਾਲਾਂ ਵਿਚ ਕਿਸੇ ਵੀ ਸਾਜੋ ਸਾਮਾਨ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਇਸ ਬਿਮਾਰੀ ਨਾਲ ਨਜਿੱਠਣ ਲਈ ਪੂਰੇ ਯਤਨ ਕੀਤੇ ਜਾ ਰਹੇ ਹਨ ਅਤੇ ਇਹ ਬਿਮਾਰੀ ਜ਼ਿਆਦਾ ਨਾ ਫੈਲੇ ਜਿਸ ਲਈ ਸੂਬੇ ਵਿਚ ਕਰਫ਼ਿਊ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਕਰਫ਼ਿਊ ਦੌਰਾਨ ਲੋਕਾਂ ਨੂੰ ਕੋਈ ਦਿੱਕਤ ਨਾ ਆਵੇ ਇਸ ਲਈ ਵੀ ਸਮੇਂ ਸਮੇਂ ਤੇ ਨਵੀਆਂ ਯੋਜਨਾਵਾਂ ਬਣਾ ਕੇ ਲੋਕਾਂ ਤੱਕ ਰਾਸ਼ਨ ਅਤੇ ਹੋਰ ਜ਼ਰੂਰੀ ਸੁਵਿਧਾਵਾਂ ਪਹੁੰਚਾਈਆਂ ਜਾ ਰਹੀਆਂ ਹਨ।

ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਸਮੇਂ-ਸਮੇਂ ਸਿਰ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਹਿਦਾਇਤਾਂ ਜਿਵੇਂ ਕਿ ਘਰੋਂ ਬਾਹਰ ਨਾ ਜਾਣ, ਘਰ ਵਿਚ ਹੀ ਰਹਿਣ ਅਤੇ ਕਿਸੇ ਵੀ ਵਿਅਕਤੀ ਨਾਲ ਗੱਲ ਕਰਦੇ ਸਮੇਂ ਘੱਟੋ-ਘੱਟ ਦੋ ਮੀਟਰ ਦਾ ਫ਼ਾਸਲਾ ਜ਼ਰੂਰ ਰੱਖਣ,ਆਪਣੇ ਹੱਥਾਂ ਨੂੰ ਵਾਰ ਵਾਰ ਸਾਬਣ ਪਾਣੀ ਨਾਲ ਧੋਣ ਆਦਿ ਦੀ ਪਾਲਨਾ ਕਰਨ ਤਾਂ ਜੋ ਇਸ ਬਿਮਾਰੀ ਖ਼ਿਲਾਫ਼ ਜੰਗ ਨੂੰ ਜਿੱਤਿਆ ਜਾ ਸਕੇ । ਇਸ ਦੌਰਾਨ ਉਨ੍ਹਾਂ ਸਬੰਧਿਤ ਡਾਕਟਰ ਨੂੰ ਕਿਹਾ ਕਿ ਉਹ ਆਪਣੇ ਸਟਾਫ਼ ਨਾਲ ਪਿੰਡਾਂ ਵਿਚ ਜਾ ਕੇ ਫਲੂ ਕੇਸਾਂ ਨੂੰ ਲੱਭਣ ਅਤੇ ਉਨ੍ਹਾਂ ਨੂੰ ਬਣਦੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ । ਇਸ ਮੌਕੇ ਡਾ.ਹੁਸਨ ਪਾਲ ਮੈਡੀਕਲ ਸਪੈਸ਼ਲਿਸਟ,ਡਾਕਟਰ ਹਰਬੰਸ ਲਾਲ ,ਡਾ ਗੁਰਵਿੰਦਰ ਸਿੰਘ, ਬਿੱਕੀ ਕੌਰ ਬੀ.ਈ.ਈ.,ਰਾਜੀਵ ਕੁਮਾਰ ,ਅੰਗਰੇਜ਼ ਸਿੰਘ, ਅਜੇ ਕੁਮਾਰ ਐਮ ਐਲ ਟੀ ,ਸੰਦੀਪ ਸਿੰਘ ਆਦਿ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 3

ਨਿਸ਼ਕਾਮ ਵੈੱਲਫੇਅਰ ਸੋਸਾਇਟੀ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 1500 ਤੋਂ ਵੱਧ ਜ਼ਰੂਰਤਮੰਦਾਂ ਨੂੰ ਰੋਜ਼ਾਨਾ ਖੁਆਇਆ ਜਾ ਰਿਹਾ ਭੋਜਨ

ਡਿਪਟੀ ਕਮਿਸ਼ਨਰ ਦੀ ਅਪੀਲ ਤੋਂ ਬਾਅਦ ਕਰਫ਼ਿਊ ਦੌਰਾਨ ਜ਼ਰੂਰਤਮੰਦਾਂ ਨੂੰ ਭੋਜਨ ਖੁਆਉਣ ਦੀ ਮੁਹਿੰਮ ਕੀਤੀ ਸ਼ੁਰੂ

ਫਿਰੋਜ਼ਪੁਰ 8 ਅਪ੍ਰੈਲ 2020 ( ) ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਕਰਫ਼ਿਊ ਦੌਰਾਨ ਜ਼ਰੂਰਤਮੰਦਾਂ ਤੱਕ ਭੋਜਨ ਅਤੇ ਰਾਸ਼ਨ ਪਹੁੰਚਾਉਣ ਦਾ ਕੰਮ ਲਗਾਤਾਰ ਜਾਰੀ ਹੈ। ਉਨ੍ਹਾਂ ਦੱਸਿਆ ਕਿ ਇਸ ਕੰਮ ਵਿਚ ਸ਼ਹਿਰ ਦੀਆਂ ਵੱਖ ਵੱਖ ਸਮਾਜਿਕ ਅਤੇ ਧਾਰਮਿਕ ਸੰਗਠਨ ਵੀ ਆਪਣਾ ਪੂਰਾ ਯੋਗਦਾਨ ਦੇ ਰਹੇ ਹਨ। ਇਸੇ ਤਰ੍ਹਾਂ ਹੀ ਫਿਰੋਜ਼ਪੁਰ ਦੀ ਸਮਾਜ ਸੇਵੀ ਸੰਸਥਾ ਨਿਸ਼ਕਾਮ ਵੈੱਲਫੇਅਰ ਸੋਸਾਇਟੀ ਵੱਲੋਂ ਵੀ ਕਰਫ਼ਿਊ ਦੌਰਾਨ ਜ਼ਰੂਰਤਮੰਦਾਂ ਅਤੇ ਗ਼ਰੀਬਾਂ ਨੂੰ ਖਾਣਾ ਖੁਆਇਆ ਜਾ ਰਿਹਾ ਹੈ। ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਮੋਹਿਤ ਬਾਂਸਲ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੀ ਸਮਾਜਸੇਵੀ ਸੰਸਥਾਵਾਂ ਨੂੰ ਜ਼ਰੂਰਤਮੰਦਾਂ ਨੂੰ ਖਾਣਾ ਦੇਣ ਦੀ ਅਪੀਲ ਤੋਂ ਬਾਅਦ ਉਨ੍ਹਾਂ ਦੀ ਸੋਸਾਇਟੀ ਵੱਲੋਂ ਇਹ ਮੁਹਿੰਮ ਚਲਾਈ ਗਈ ਹੈ, ਜਿਸ ਦੌਰਾਨ ਰੋਜ਼ਾਨਾ 1500 ਤੋਂ 2000 ਵਿਅਕਤੀਆਂ ਦੇ ਲਈ ਲੰਗਰ ਤਿਆਰ ਕਰਕੇ ਉਨ੍ਹਾਂ ਤੱਕ ਪਹੁੰਚਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਇਸ ਤੋਂ ਉਨ੍ਹਾਂ ਦੀ ਸੋਸਾਇਟੀ ਵੱਲੋਂ ਲੋੜਵੰਦਾਂ ਨੂੰ ਹੋਮੋਪੈਥਿਕ ਅਤੇ ਡੇਂਗੂ ਆਦਿ ਦੀਆਂ ਦਵਾਈਆਂ ਵੀ ਮੁਫ਼ਤ ਵਿੱਚ ਦਿੱਤੀਆਂ ਗਈਆਂ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਦੁੱਖ ਦੀ ਘੜੀ ਵਿਚ ਕਿਸੇ ਨੂੰ ਵੀ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ, ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਰਾਸ਼ਨ ਘਰਾਂ ਤੱਕ ਪਹੁੰਚਾਉਣ ਲਈ ਹਰ ਯਤਨ ਕੀਤਾ ਜਾ ਰਿਹਾ ਹੈ ਅਤੇ ਗ਼ਰੀਬਾਂ, ਦਿਹਾੜੀਦਾਰਾਂ ਨੂੰ ਵੀ ਭੋਜਨ ਦੇਣ ਲਈ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਰੋਨਾ ਖਿਲਾਫ ਛੇੜੀ ਜੰਗ ਨੂੰ ਜਿੱਤਣ ਲਈ ਲੋਕਾਂ ਦਾ ਸਹਿਯੋਗ ਵੀ ਬਹੁਤ ਜ਼ਰੂਰੀ ਹੈ ਇਸ ਲਈ ਸਰਕਾਰ ਵੱਲੋਂ ਜਾਰੀ ਸਾਵਧਾਨੀਆਂ ਅਤੇ ਨਿਯਮਾਂ ਦੀ ਲਗਾਤਾਰ ਪਾਲਨਾ ਨੂੰ ਮੰਨਣਾ ਸਭ ਦਾ ਪਹਿਲਾ ਫ਼ਰਜ਼ ਬਣਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫ਼ਿਰੋਜ਼ਪੁਰ

ਪ੍ਰੈਸ ਨੋਟ 4

ਮਿੰਯਕ ਫਾਊਂਡੇਸ਼ਨ ਸੰਸਥਾ ਨੇ ਨਗਰ ਕੌਂਸਲ ਦੇ ਸਫ਼ਾਈ ਕਰਮਚਾਰੀਆਂ ਨੂੰ ਕੀਤਾ ਸਨਮਾਨਿਤ, ਲਗਭਗ 200 ਵਰਕਰਾਂ ਨੂੰ ਮਾਸਕ ਅਤੇ ਹੈਂਡ ਸੈਨੇਟਾਈਜ਼ਰ ਵੀ ਮੁਫ਼ਤ ਵੰਡੇ

ਕੋਰੋਨਾ ਵਾਇਰਸ ਨਾਲ ਨਜਿੱਠਣ ਲਈ ਸੈਨੀਟੇਸ਼ਨ ਸ਼ਾਖਾ ਵੀ ਆਪਣਾ ਅਹਿਮ ਯੋਗਦਾਨ ਪਾ ਰਹੀ ਹੈ-ਦੀਪਕ ਸ਼ਰਮਾ

ਫ਼ਿਰੋਜ਼ਪੁਰ 8 ਅਪ੍ਰੈਲ 2020 ( )  ਜਿੱਥੇ ਪੂਰਾ ਸੰਸਾਰ ਕੋਰੋਨਾ ਵਾਇਰਸ ਨਾਲ ਲੜ ਰਿਹਾ ਹੈ, ਉੱਥੇ ਸਾਨੂੰ ਸਾਰਿਆਂ ਨੂੰ ਵੀ ਪੰਜਾਬ ਸਰਕਾਰ ਦੀ ਹਦਾਇਤਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਤੇ ਆਪਣੇ ਘਰਾਂ ਵਿੱਚ ਰਹਿਣਾ ਚਾਹੀਦਾ ਹੈ। ਪੁਲਿਸ ਵਿਭਾਗ, ਸਿਹਤ ਵਿਭਾਗ ਤੇ ਨਗਰ ਕੌਂਸਲ ਦੇ ਕਰਮਚਾਰੀ ਅਤੇ ਸਮਾਜ ਸੇਵੀ ਸੰਸਥਾਵਾ ਕੋਰੋਨਾ ਵਾਇਰਸ ਨੂੰ ਰੋਕਣ ਲਈ ਆਪਣੀ ਜਾਨ ਵੀ ਪ੍ਰਵਾਹ ਨਾ ਕੀਤੇ ਬਿਨਾਂ ਦਿਨ ਰਾਤ ਇੱਕ ਕਰਕੇ ਲੋਕਾਂ ਦੀ ਸੁਰੱਖਿਆ ਲਈ ਕੰਮ ਕਰ ਰਹੇ ਹਨ।

ਇਹ ਜਾਣਕਾਰੀ ਦਿੰਦਿਆਂ ਮਿੰਯਕ ਫਾਊਂਡੇਸ਼ਨ ਦੇ ਅਹੁਦੇਦਾਰ ਸ਼੍ਰੀ ਦੀਪਕ ਸ਼ਰਮਾ ਨੇ ਦੱਸਿਆ ਕਿ ਜਦੋਂ ਤੋ ਕੋਰੋਨਾ ਵਾਇਰਸ ਦਾ ਪ੍ਰਕੋਪ ਚੱਲ ਰਿਹਾ ਹੈ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਸ: ਪਰਮਿੰਦਰ ਸਿੰਘ ਸੁਖੀਜਾ ਅਤੇ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਸ਼ਹਿਰ ਵਾਸੀਆਂ ਦੀ ਸੁਰੱਖਿਆ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਦੇ ਕਰਮਚਾਰੀ ਸਵੇਰੇ 6 ਵਜੇ ਤੋਂ ਰੋਜ਼ਾਨਾ ਸ਼ਹਿਰ ਨੂੰ ਸਾਫ਼ ਕਰਦੇ ਹਨ ਅਤੇ ਲਗਭਗ 40 ਟਨ ਕਚਰਾ ਰੋਜ਼ਾਨਾ ਲੋਕਾਂ ਦੇ ਘਰਾਂ ਵਿਚੋਂ ਡੋਰ ਟੂ ਡੋਰ ਇਕੱਠਾ ਕਰਨ ਉਪਰੰਤ ਉਸ ਕਚਰੇ ਦਾ ਨਿਪਟਾਰਾ ਕਰਦੇ ਹਨ ਅਤੇ ਸ਼ਹਿਰ ਨੂੰ ਹਰ ਰੋਜ਼ ਸਾਫ਼ ਕਰਨ ਤੋ ਇਲਾਵਾ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਨੂੰ ਸੈਨੇਟਾਇਜ਼ ਕਰਦੇ ਹਨ ਤਾਂ ਜੋ ਸ਼ਹਿਰ ਵਾਸੀਆਂ ਨੂੰ ਇਸ ਭਿਆਨਕ ਬਿਮਾਰੀ ਤੋ ਬਚਾਇਆ ਜਾ ਸਕੇ।

ਉਨ੍ਹਾਂ ਦੱਸਿਆ ਕਿ ਮਯੰਕ ਫਾਊਂਡੇਸ਼ਨ ਸੰਸਥਾ ਵੱਲੋਂ ਨਗਰ ਕੌਂਸਲ ਦੇ ਲਗਭਗ 200 ਸਫ਼ਾਈ ਕਰਮਚਾਰੀਆਂ (ਵਰਕਰਾਂ), ਗਾਰਬੇਜ਼ ਕੁਲੇਕਟਰ ਅਤੇ ਸੈਨੇਟਾਈਜ਼ਰ ਓਪਰੇਟਰ ਨੂੰ ਮਾਸਕ ਅਤੇ ਹੈਂਡ ਸੈਨੇਟਾਈਜ਼ਰ ਵੰਡੇ ਗਏ ਹਨ ਤੇ ਸਨਮਾਨਿਤ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬਾਕੀ ਸੰਸਥਾਵਾਂ ਵੀ ਇਨ੍ਹਾਂ ਕਰਮਚਾਰੀਆਂ ਦਾ ਮਨੋਬਲ ਉੱਚਾ ਚੁੱਕਣ ਲਈ ਅੱਗੇ ਆਉਣ। ਅੰਤ ਵਿਚ ਕਾਰਜ ਸਾਧਕ ਅਫ਼ਸਰ ਸ: ਪਰਮਿੰਦਰ ਸਿੰਘ ਸੁਖੀਜਾ ਨੇ ਸਮੂਹ ਟੀਮ ਦਾ ਧੰਨਵਾਦ ਕੀਤਾ ਅਤੇ ਆਪਣੀ ਸੈਨੀਟੇਸ਼ਨ ਸ਼ਾਖਾ ਦੇ ਸੈਕਟਰੀ ਇੰਸਪੈਕਟਰ ਸ: ਸੁਖਪਾਲ ਸਿੰਘ ਅਤੇ ਸ: ਗੁਰਿੰਦਰ ਸਿੰਘ, ਪ੍ਰੋਗਰਾਮ ਕੁਆਡੀਨੇਟਰ ਸ: ਸਿਮਰਨਜੀਤ ਅਤੇ ਸ਼੍ਰੀ ਅਮਨਦੀਪ ਵੱਲੋਂ ਪਿਛਲੇ ਦਿਨਾ ਵਿਚ ਕੀਤੇ ਗਏ ਕੰਮਾਂ ਨੂੰ ਸਲਾਹਿਆ ਅਤੇ ਭਵਿੱਖ ਵਿਚ ਵੀ ਇਸੇ ਪ੍ਰਕਾਰ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਮਿੰਯਕ ਫਾਊਂਡੇਸ਼ਨ ਦੀ ਟੀਮ ਵਿਚ ਸ਼੍ਰੀ ਰਕੇਸ਼ ਕੁਮਾਰ, ਸ਼੍ਰੀ ਸੰਜੀਵ ਟੰਡਨ, ਡਾ: ਤਰਨਜੀਤ ਬੇਦੀ, ਸ਼੍ਰੀ ਦੀਪਕ ਗਰੋਵਰ, ਐਡਵੋਕੇਟ ਕਰਨ ਪੁਗਲ, ਐਡਵੋਕੇਟ ਰਵਨੀਤ ਮਹਿਤਾ ਅਤੇ ਨਗਰ ਕੌਂਸਲ ਦਾ ਸਟਾਫ਼ ਮੌਜੂਦ ਸੀ।